ਕਾਨੜਾ ਮਹਲਾ ੪ ॥ ਜਪਿ ਮਨ ਰਾਮ ਨਾਮ ਜਗੰਨਾਥ ॥ ਘੂਮਨ ਘੇਰ ਪਰੇ ਬਿਖੁ ਬਿਖਿਆ ਸਤਿਗੁਰ ਕਾਢਿ ਲੀਏ ਦੇ ਹਾਥ ॥੧॥ ਰਹਾਉ ॥ ਸੁਆਮੀ ਅਭੈ ਨਿਰੰਜਨ ਨਰਹਰਿ ਤੁਮ੍ ਰਾਖਿ ਲੇਹੁ ਹਮ ਪਾਪੀ ਪਾਥ ॥ ਕਾਮ ਕ੍ਰੋਧ ਬਿਖਿਆ ਲੋਭਿ ਲੁਭਤੇ ਕਾਸਟ ਲੋਹ ਤਰੇ ਸੰਗਿ ਸਾਥ ॥੧॥ ਤੁਮ੍ ਵਡ ਪੁਰਖ ਬਡ ਅਗਮ ਅਗੋਚਰ ਹਮ ਢੂਢਿ ਰਹੇ ਪਾਈ ਨਹੀ ਹਾਥ ॥ ਤੂ ਪਰੈ ਪਰੈ ਅਪਰੰਪਰੁ ਸੁਆਮੀ ਤੂ ਆਪਨ ਜਾਨਹਿ ਆਪਿ ਜਗੰਨਾਥ ॥੨॥ ਅਦ੍ਰਿਸਟੁ ਅਗੋਚਰ ਨਾਮੁ ਧਿਆਏ ਸਤਸੰਗਤਿ ਮਿਲਿ ਸਾਧੂ ਪਾਥ ॥ ਹਰਿ ਹਰਿ ਕਥਾ ਸੁਨੀ ਮਿਲਿ ਸੰਗਤਿ ਹਰਿ ਹਰਿ ਜਪਿਓ ਅਕਥ ਕਥ ਕਾ ਥ ॥੩॥ ਹਮਰੇ ਪ੍ਰਭ ਜਗਦੀਸ ਗੁਸਾਈ ਹਮ ਰਾਖਿ ਲੇਹੁ ਜਗੰਨਾਥ ॥ ਜਨ ਨਾਨਕੁ ਦਾਸੁ ਦਾਸ ਦਾਸਨ ਕੋ ਪ੍ਰਭ ਕਰਹੁ ਕ੍ਰਿਪਾ ਰਾਖਹੁ ਜਨ ਸਾਥ ॥੪॥੬॥ {ਪੰਨਾ 1296}

ਪਦ ਅਰਥ:- ਜਪਿ—ਜਪਿਆ ਕਰ। ਮਨ—ਹੇ ਮਨ! ਜਗੰਨਾਥ—ਜਗਤ ਦਾ ਨਾਥ। ਪਰੇ—ਪਏ ਹੋਏ ਸਨ, ਡਿੱਗੇ ਹੋਏ ਸਨ। ਬਿਖੁ—ਜ਼ਹਰ, ਆਤਮਕ ਮੌਤ ਲਿਆਉਣ ਵਾਲੀ। ਬਿਖਿਆ—ਮਾਇਆ। ਦੇ—ਦੇ ਕੇ।1। ਰਹਾਉ।

ਸੁਆਮੀ—ਹੇ ਸੁਆਮੀ! ਅਭੈ—ਅ-ਭੈ, ਜਿਸ ਨੂੰ ਕੋਈ ਡਰ ਪੋਹ ਨਹੀਂ ਸਕਦਾ। ਨਿਰੰਜਨ—(ਨਿਰ-ਅੰਜਨ। ਅੰਜਨ—ਮਾਇਆ ਦੀ ਕਾਲਖ) ਨਿਰਲੇਪ। ਨਰਹਰਿ—ਪਰਮਾਤਮਾ। ਪਾਥ—ਪੱਥਰ। ਪਾਪੀ ਪਾਥ—ਵਿਕਾਰਾਂ ਦੇ ਭਾਗਾਂ ਨਾਲ ਪੱਥਰ ਵਾਂਗ ਭਾਰੇ ਪਾਪੀਆਂ ਨੂੰ। ਬਿਖਿਆ ਲੋਭਿ—ਮਾਇਆ ਦੇ ਲੋਭ ਵਿਚ। ਲੁਭਤੇ—ਗ੍ਰਸੇ ਹੋਏ। ਕਾਸਟ—ਕਾਠ, ਲੱਕੜ। ਕਾਸਟ ਸੰਗਿ—ਲੱਕੜ ਦੇ ਨਾਲ। ਲੋਹ—ਲੋਹਾ। ਤਰੇ—(ਨਦੀ ਤੋਂ) ਪਾਰ ਲੰਘ ਜਾਂਦਾ ਹੈ।1।

ਅਗਮ—ਅਪਹੁੰਚ। ਅਗੋਚਰ—(ਅ-ਗੋ-ਚਰ। ਗੋ—ਗਿਆਨ-ਇੰਦ੍ਰੇ। ਚਰ—ਪਹੁੰਚ) ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ। ਹਾਥ—ਡੂੰਘਾਈ, ਥਾਹ। ਅਪਰੰਪਰੁ—ਪਰੇ ਤੋਂ ਪਰੇ। ਤੂ ਜਾਨਹਿ—ਤੂੰ ਜਾਣਦਾ ਹੈਂ। ਆਪਨ—ਆਪਣੇ ਆਪ ਨੂੰ। ਜਗੰਨਾਥ—ਹੇ ਜਗਤ ਦੇ ਨਾਥ!।2।

ਅਦ੍ਰਿਸਟੁ—ਜੋ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ। ਧਿਆਏ—ਧਿਆਉਂਦਾ ਹੈ। ਮਿਲਿ—ਮਿਲ ਕੇ। ਸਾਧੂ ਪਾਥ—ਗੁਰੂ ਦਾ ਰਸਤਾ (pQ—ਰਸਤਾ)। ਅਕਥ ਕਥ ਕਾਥ—ਜਿਸ ਦੀ ਕਥਾ ਅਕੱਥ ਹੈ, ਜਿਸ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਮੁੱਕ ਨਹੀਂ ਸਕਦੀਆਂ।3।

ਪ੍ਰਭ—ਹੇ ਪ੍ਰਭੂ! ਜਗਦੀਸ—ਹੇ ਜਗਤ ਦੇ ਈਸ਼ (ਮਾਲਕ)! ਹਮ—ਅਸਾਂ ਜੀਵਾਂ ਨੂੰ। ਜਗੰਨਾਥ—ਹੇ ਜਗਤ ਦੇ ਨਾਥ! ਕੋ—ਦਾ। ਪ੍ਰਭ—ਹੇ ਪ੍ਰਭੂ! ਜਨ ਸਾਥ—ਆਪਣੇ ਸੰਤ ਜਨਾਂ ਨਾਲ।4।

ਅਰਥ:- ਹੇ ਮਨ! ਜਗਤ ਦੇ ਨਾਥ ਪਰਮਾਤਮਾ ਦਾ ਨਾਮ ਜਪਿਆ ਕਰ। ਹੇ ਭਾਈ! (ਜਿਹੜੇ ਮਨੁੱਖ) ਆਤਮਕ ਮੌਤ ਲਿਆਉਣ ਵਾਲੀ ਮਾਇਆ ਦੀਆਂ ਘੁੰਮਣ ਘੇਰੀਆਂ ਵਿਚ ਡਿੱਗੇ ਰਹਿੰਦੇ ਹਨ, ਉਹਨਾਂ ਨੂੰ ਭੀ ਗੁਰੂ (ਆਪਣਾ) ਹੱਥ ਦੇ ਕੇ (ਹਰਿ ਨਾਮ ਵਿਚ ਜੋੜ ਕੇ ਉਹਨਾਂ ਵਿਚੋਂ) ਕੱਢ ਲੈਂਦਾ ਹੈ।1। ਰਹਾਉ।

ਹੇ (ਸਾਡੇ) ਮਾਲਕ-ਪ੍ਰਭੂ! ਹੇ ਨਿਰਭਉ ਪ੍ਰਭੂ! ਹੇ ਨਿਰਲੇਪ ਪ੍ਰਭੂ! ਅਸੀਂ ਜੀਵ ਪਾਪੀ ਹਾਂ, ਪੱਥਰ (ਹੋ ਚੁਕੇ) ਹਾਂ; ਕਾਮ ਕ੍ਰੋਧ ਅਤੇ ਮਾਇਆ ਦੇ ਲੋਭ ਵਿਚ ਗ੍ਰਸੇ ਰਹਿੰਦੇ ਹਾਂ, (ਮਿਹਰ ਕਰ) ਸਾਨੂੰ (ਗੁਰੂ ਦੀ ਸੰਗਤਿ ਵਿਚ ਰੱਖ ਕੇ ਵਿਕਾਰਾਂ ਵਿਚ ਡੁੱਬਣੋਂ) ਬਚਾ ਲੈ (ਜਿਵੇਂ) ਕਾਠ (ਬੇੜੀ) ਦੀ ਸੰਗਤਿ ਵਿਚ ਲੋਹਾ (ਨਦੀ ਤੋਂ) ਪਾਰ ਲੰਘ ਜਾਂਦਾ ਹੈ।1।

ਹੇ ਸੁਆਮੀ! ਤੂੰ (ਅਸਾਂ ਜੀਵਾਂ ਦੇ ਵਿਤ ਨਾਲੋਂ) ਬਹੁਤ ਹੀ ਵੱਡਾ ਹੈਂ, ਤੂੰ ਅਪਹੁੰਚ ਹੈਂ, ਜੀਵਾਂ ਦੇ ਗਿਆਨ-ਇੰਦ੍ਰਿਆਂ ਦੀ ਤੇਰੇ ਤਕ ਪਹੁੰਚ ਨਹੀਂ ਹੈ। ਅਸੀਂ ਜੀਵ ਭਾਲ ਕਰ ਕੇ ਥੱਕ ਗਏ ਹਾਂ, ਤੇਰੀ ਡੂੰਘਾਈ ਅਸੀਂ ਲੱਭ ਨਹੀਂ ਸਕੇ। ਤੂੰ ਬੇਅੰਤ ਹੈਂ, ਪਰੇ ਤੋਂ ਪਰੇ ਹੈਂ। ਹੇ ਜਗਤ ਦੇ ਨਾਥ! ਆਪਣੇ ਆਪ ਨੂੰ ਤੂੰ ਆਪ ਹੀ ਜਾਣਦਾ ਹੈਂ।2।

ਹੇ ਭਾਈ! ਪਰਮਾਤਮਾ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ। (ਮਨੁੱਖ) ਉਸ ਅਗੋਚਰ ਪ੍ਰਭੂ ਦਾ ਨਾਮ ਸਾਧ-ਸੰਗਤਿ ਵਿਚ ਮਿਲ ਕੇ ਗੁਰੂ ਦਾ ਦਸਿਆ ਰਸਤਾ ਫੜ ਕੇ ਹੀ ਜਪ ਸਕਦਾ ਹੈ। ਸਾਧ-ਸੰਗਤਿ ਵਿਚ ਮਿਲ ਕੇ ਹੀ ਪਰਮਾਤਮ ਦੀ ਸਿਫ਼ਤਿ-ਸਾਲਾਹ ਸੁਣੀ ਜਾ ਸਕਦੀ ਹੈ, ਉਸ ਹਰੀ ਦਾ ਨਾਮ ਜਪਿਆ ਜਾ ਸਕਦਾ ਹੈ ਜਿਸ ਦੇ ਸਾਰੇ ਗੁਣਾਂ ਦਾ ਬਿਆਨ (ਜੀਵਾਂ ਪਾਸੋਂ) ਨਹੀਂ ਹੋ ਸਕਦਾ।3।

ਹੇ ਸਾਡੇ ਪ੍ਰਭੂ! ਹੇ ਜਗਤ ਦੇ ਮਾਲਕ! ਹੇ ਸ੍ਰਿਸ਼ਟੀ ਦੇ ਖਸਮ! ਹੇ ਜਗਤ ਦੇ ਨਾਥ! ਅਸਾਂ ਜੀਵਾਂ ਨੂੰ (ਕਾਮ ਕ੍ਰੋਧ ਲੋਭ ਆਦਿਕ ਤੋਂ) ਬਚਾਈ ਰੱਖ। ਹੇ ਪ੍ਰਭੂ! ਤੇਰਾ ਦਾਸ ਨਾਨਕ ਤੇਰੇ ਦਾਸਾਂ ਦੇ ਦਾਸਾਂ ਦਾ ਦਾਸ ਹੈ। ਮਿਹਰ ਕਰ, (ਮੈਨੂੰ) ਆਪਣੇ ਸੇਵਕਾਂ ਦੀ ਸੰਗਤਿ ਵਿਚ ਰੱਖ।4।6।